# ਪ੍ਰੈਸ ਨੋਟ

ਅਪ੍ਰੈਸ਼ਨ ਸੀਲ 6 ਤਹਿਤ ਸ੍ਰੀ ਮੁਕਤਸਰ ਸਾਹਿਬ ਪੁਲਿਸ ਵੱਲੋਂ ਹਰਿਆਣਾ ਅਤੇ ਰਾਜਸਥਾਨ ਪੁਲਿਸ ਨਾਲ ਸਾਂਝੇ ਤੌਰ ਤੇ ਚਲਾਇਆ ਸਰਚ ਅਭਿਆਨ।

ਜਿਲਾ ਸ੍ਰੀ ਮੁਕਤਸਰ ਸਾਹਿਬ ਦੀ ਦੂਸਰੇ ਰਾਜਾਂ ਨਾਲ ਲਗਦੀ ਸਰਹੱਦਾਂ ਨੂੰ ਸੀਲ ਕਰਕੇ ਕੀਤੀ ਚੈਕਿੰਗ।

ਸ਼ਰਾਰਤੀ ਅਨਸਰਾ ਨੂੰ ਬਖਸ਼ਿਆ ਨਹੀਂ ਜਾਵੇਗਾ:- ਆਈ.ਜੀ.ਪੀ ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐਸ

ਸ੍ਰੀ ਮੁਕਤਸਰ ਸਾਹਿਬ (                ) ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਵੱਲੋਂ ਲੋਕ ਸਭਾ ਚੋਣਾਂ ਦੇ ਮੱਦੇ ਨਜ਼ਰ ਸੂਬਾ ਅੰਦਰ ਨਸ਼ਿਆਂ ਅਤੇ ਮਾੜੇ ਅਨਸਰਾਂ ਖਿਲਾਫ ਮਹਿੰਮ ਵਿੱਢੀ ਗਈ ਹੈ ਜਿਸ ਤਹਿਤ ਅੱਜ ਪੂਰੇ ਪੰਜਾਬ ਵਿੱਚ “ਅਪ੍ਰੈਸ਼ਨ ਸੀਲ 6” ਚਲਾਇਆ ਗਿਆ, ਜਿਸ ਤਹਿਤ ਪੰਜਾਬ ਦੇ ਨਾਲ ਲੱਗਦੇ ਦੂਸਰੇ ਸੂਬਿਆ ਦੀਆਂ ਲਗਦੀਆਂ ਸਰਹੱਦਾਂ ਤੇ ਨਾਕਾ ਬੰਦੀ ਕਰਕੇ ਦੂਸਰਿਆ ਸੂਬਿਆ ਦੀ ਪੁਲਿਸ ਨਾਲ ਸਾਂਝੇ ਤੌਰ ਤੇ ਚੈਕਿੰਗ ਕੀਤੀ ਗਈ।

ਇਸੇ ਤਹਿਤ ਹੀ ਸ.ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐੱਸ ਆਈ.ਜੀ.ਪੀ ਫ਼ਰੀਦਕੋਟ ਰੇਂਜ ਫਰੀਦਕੋਟ ਦੀ ਅਗਵਾਈ ਹੇਠ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋ ਜਿਲਾ ਸ੍ਰੀ ਮੁਕਤਸਰ ਸਾਹਿਬ ਦੇ ਨਾਲ ਲੱਗਦੇ ਹਰਿਆਣਾ ਅਤੇ ਰਾਜਸਥਾਨ ਸੂਬਿਆ ਦੀਆਂ ਸਰੱਹਦਾਂ ਤੇ ਹਰਿਆਣਾ ਅਤੇ ਰਾਜਸਥਾਨ ਪੁਲਿਸ ਦੇ ਨਾਲ ਸਾਂਝੇ ਤੌਰ ਤੇ ਨਾਕਾ ਬੰਦੀ ਕਰ ਸਰਚ ਅਪ੍ਰੈਸ਼ਨ ਚਲਾਇਆ ਗਿਆ। ਇਸ ਸਰਚ ਅਪ੍ਰੈਸ਼ਨ ਦੌਰਾਨ ਸ. ਮਨਮੀਤ ਸਿੰਘ ਐਸ.ਪੀ (ਡੀ), ਸ. ਫਤਿਹ ਸਿੰਘ ਬਰਾੜ ਡੀ.ਐਸ.ਪੀ (ਲੰਬੀ), ਤੋਂ ਇੰਸੈਕਟਰ ਭੂਸਨ ਹਰਿਆਣਾ ਪੁਲਿਸ, ਐਸ.ਆਈ ਭੂਪ ਸਿੰਘ , ਪੀ.ਐੱਸ.ਆਈ ਪ੍ਰਵੀਨ ਕੁਮਾਰ, ਸ੍ਰੀ ਕਰਨ ਸਿੰਘ ਡੀ.ਐਸ.ਪੀ ਸੰਗਰੀਆ (ਰਾਜਸਥਾਨ) , ਸ੍ਰੀ ਵਿਪਿਨ ਯਾਦਵ ਅਸਿਸਟੈਂਟ ਕਮਾਂਡੈ BSF, ਇੰਸੈਕਟਰ ਸ਼ਿਵਰਾਜ ਸਿੰਘ ਮੀਨਾ ਅਤੇ ਮੁੱਖ ਅਫਸਰਾਨ ਥਾਣਾ ਸਮੇਤ 206 ਦੇ ਕਰੀਬ ਪੁਲਿਸ ਅਧਿਕਾਰੀ/ਕ੍ਰਮਚਾਰੀ ਅਤੇ ਪੈਰਾਮਿਲਟਰੀ ਫੋਰਸ ਵੀ ਤਾਇਨਾਤ ਕੀਤੀ ਗਈ ।

ਇਸ ਮੌਕੇ ਸ.ਗੁਰਸ਼ਰਨ ਸਿੰਘ ਸੰਧੂ ਆਈ.ਪੀ.ਐੱਸ ਆਈ.ਜੀ.ਪੀ ਫ਼ਰੀਦਕੋਟ ਰੇਂਜ ਫਰੀਦਕੋਟ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਅੱਜ “ਅਪ੍ਰੈਸ਼ਨ ਸੀਲ 6” ਤਹਿਤ ਜਿਲਾ ਸ੍ਰੀ ਮੁਕਤਸਰ ਸਾਹਿਬ ਦੀ ਸਰਹੱਦ ਨਾਲ ਲੱਗਦੀਆ ਹਰਿਆਣਾ ਅਤੇ ਰਾਜਸਥਾਨ ਦੀਆਂ ਸਰਹੱਦਾਂ ਤੇ ਸ੍ਰੀ ਮੁਕਤਸਰ ਸਾਹਿਬ ਪੁਲਿਸ ਨੇ ਹਰਿਆਣਾ ਅਤੇ ਰਾਜਸਥਾਨ ਪੁਲਿਸ ਵੱਲੋਂ ਸਾਂਝੇ ਤੌਰ ਤੇ ਸਰਚ ਅਪਰੇਸ਼ਨ ਚਲਾਇਆ ਗਿਆ,ਉਹਨਾਂ ਦੱਸਿਆ ਕਿ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਸਰਹੱਦਾ ਤੇ ਹਰਿਆਣਾ ਅਤੇ ਰਾਜਸਥਾਨ ਸੂਬਿਆਂ ਦੀਆਂ ਸਰਹੱਦਾਂ ਤੇ ਕੁੱਲ 19 ਨਾਕੇ ਲਗਾਏ ਗਏ ਹਨ ਜਿਨ੍ਹਾਂ ਵਿੱਚੋਂ 13 ਨਾਕੇ ਹਰਿਆਣਾ ਅਤੇ 06 ਨਾਕੇ ਰਾਜਸਥਾਨ ਸਰਹੱਦ ਨਾਲ ਲਗਾਏ ਗਏ ਹਨ। ਇਨ੍ਹਾਂ ਨਾਕਿਆ ਤੇ ਹਰਿਆਣਾ ਪੁਲਿਸ ਅਤੇ ਰਾਜਸਥਾਨ ਪੁਲਿਸ ਵੱਲੋਂ ਸਾਂਝੇ ਤੌਰ ਤੇ ਚੈਕਿੰਗ ਕੀਤੀ ਗਈ। ਉਹਨਾਂ ਕਿਹਾ ਕਿ ਇਸ ਚੈਕਿੰਗ ਦੌਰਾਨ ਸਰਹੱਦ ਤੋਂ ਆਉਣ ਜਾਣ ਵਾਲੇ ਸ਼ੱਕੀ ਪੁਰਸ਼ਾ ਅਤੇ ਸ਼ੱਕੀ ਵਹੀਕਲਾਂ ਤੇ ਬਾਜ ਦੀ ਅੱਖ ਰੱਖੀ ਗਈ ਹੈ ਤਾਂ ਜੋ ਨਜਾਇਜ਼ ਸ਼ਰਾਬ, ਸਮਗਲਿੰਗ ਅਤੇ ਹਰ ਪ੍ਰਕਾਰ ਦੀ ਨਸ਼ਾ ਤਸਕਰੀ ਨੂੰ ਰੋਕਿਆ ਜਾ ਸਕੇ ਅਤੇ ਨਾਲ ਹੀ ਸ਼ੱਕੀ ਵਹੀਕਲਾਂ ਨੂੰ ਵਾਹਨ ਐਪ ਰਾਂਹੀ ਵੈਰੀਫਾਈ ਵੀ ਕੀਤਾ ਗਿਆ । ਉਨ੍ਹਾਂ ਕਿਹਾ ਇਸ ਤਰਾਂ ਦੇ ਸਰਚ ਅਪ੍ਰੈਸ਼ਨ ਅੱਗੇ ਵੀ ਇਸੇ ਤਰਾਂ ਜਾਰੀ ਰਹਿਣਗੇ ਤੇ ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ।

ਉਹਨਾਂ ਦੱਸਿਆ ਕਿ ਇਸ "ਅਪ੍ਰੈਸ਼ਨ ਸੀਲ 6" ਤਹਿਤ ਹੁਣ ਤੱਕ 03 ਵਿਅਕਤੀਆਂ ਨੂੰ ਕਾਬੂ ਕੀਤਾ ਜਿਨਾਂ ਕੋਲੋਂ 10 ਗ੍ਰਾਮ ਹੈਰੋਇਨ ਅਤੇ 20 ਬੋਤਲਾਂ ਨਜਾਇਜ਼ ਸ਼ਰਾਬ ਬਰਾਮਦ ਕੀਤੀ ਗਈ ਜਿਨ੍ਹਾਂ ਤੇ ਅਗਲੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

ਉਨਾਂ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਜੇਕਰ ਤੁਸੀਂ ਕੋਈ ਜਾਣਕਾਰੀ ਸਾਂਝੀ ਕਰਨੀ ਹੈ ਤਾਂ ਸਾਡੇ ਹੈਲਪਲਾਈਨ 80543-70100 ਅਤੇ ਥਾਣਾ ਕਿੱਲਿਆਂਵਾਲੀ ਦਾ ਮੋਬਾਇਲ ਨੰ. 78884-93965 ਤੇ ਸੰਪਰਕ ਕਰ ਸਕਦੇ ਹੋ।